Tape/CD: 1346 ਪੰਨਾ ੬੨੪-੨੫

ਸੋਰਠਿ ਮਹਲਾ ੫ ॥ ਗਈ ਬਹੋੜੁ ਬੰਦੀ ਛੋੜੁ ਨਿਰੰਕਾਰੁ ਦੁਖਦਾਰੀ ॥ ਕਰਮੁ ਨ ਜਾਣਾ ਧਰਮੁ ਨ ਜਾਣਾ ਲੋਭੀ ਮਾਇਆਧਾਰੀ ॥ ਨਾਮੁ ਪਰਿਓ ਭਗਤੁ ਗੋਵਿੰਦ ਕਾ ਇਹ ਰਾਖਹੁ ਪੈਜ ਤੁਮਾਰੀ ॥ ੧ ॥ ਹਰਿ ਜੀਉ ਨਿਮਾਣਿਆ ਤੂ ਮਾਣੁ ॥ ਨਿਚੀਜਿਆ ਚੀਜ ਕਰੇ ਮੇਰਾ ਗੋਵਿੰਦੁ ਤੇਰੀ ਕੁਦਰਤਿ ਕਉ ਕੁਰਬਾਣੁ ॥ ਰਹਾਉ ॥ ਜੈਸਾ ਬਾਲਕੁ ਭਾਇ ਸੁਭਾਈ ਲਖ ਅਪਰਾਧ ਕਮਾਵੈ ॥ ਕਰਿ ਉਪਦੇਸੁ ਝਿੜਕੇ ਬਹੁ ਭਾਤੀ ਬਹੁੜਿ ਪਿਤਾ ਗਲਿ ਲਾਵੈ ॥ ਪਿਛਲੇ ਅਉਗੁਣ ਬਖਸਿ ਲਏ ਪ੍ਰਭੁ ਆਗੈ ਮਾਰਗਿ ਪਾਵੈ ॥ ੨ ॥ ਹਰਿ ਅੰਤਰਜਾਮੀ ਸਭ ਬਿਧਿ ਜਾਣੈ ਤਾ ਕਿਸੁ ਪਹਿ ਆਖਿ ਸੁਣਾਈਐ ॥ ਕਹਣੈ ਕਥਨਿ ਨ ਭੀਜੈ ਗੋਬਿੰਦੁ ਹਰਿ ਭਾਵੈ ਪੈਜ ਰਖਾਈਐ ॥ ਅਵਰ ਓਟ ਮੈ ਸਗਲੀ ਦੇਖੀ ਇਕ ਤੇਰੀ ਓਟ ਰਹਾਈਐ ॥ ੩ ॥ ਹੋਇ ਦਇਆਲੁ ਕਿਰਪਾਲੁ ਪ੍ਰਭੁ ਠਾਕੁਰੁ ਆਪੇ ਸੁਣੈ ਬੇਨੰਤੀ ॥ ਪੂਰਾ ਸਤਗੁਰੁ ਮੇਲਿ ਮਿਲਾਵੈ ਸਭ ਚੂਕੈ ਮਨ ਕੀ ਚਿੰਤੀ ॥ ਹਰਿ ਹਰਿ ਨਾਮੁ ਅਵਖਦੁ ਮੁਖਿ ਪਾਇਆ ਜਨ ਨਾਨਕ ਸੁਖਿ ਵਸੰਤੀ ॥ ੪ ॥ ੧੨ ॥ ੬੨ ॥

Tape/CD: 1346

## ਪੰਨਾ ੧੩੨੧

ਕਲਿਆਨ ਮਹਲਾ ੪ ॥ ਪ੍ਰਭ ਕੀਜੈ ਕ੍ਰਿਪਾ ਨਿਧਾਨ ਹਮ ਹਰਿ ਗੁਨ ਗਾਵਹਗੇ ॥
ਹਉ ਤੁਮਰੀ ਕਰਉ ਨਿਤ ਆਸ ਪ੍ਰਭ ਮੋਹਿ ਕਬ ਗਲਿ ਲਾਵਹਿਗੇ ॥ ੧ ॥
ਰਹਾਉ ॥ ਹਮ ਬਾਰਿਕ ਮੁਗਧ ਇਆਨ ਪਿਤਾ ਸਮਝਾਵਹਿਗੇ ॥ ਸੁਤੁ ਖਿਨੁ
ਖਿਨੁ ਭੂਲਿ ਬਿਗਾਰਿ ਜਗਤ ਪਿਤ ਭਾਵਹਿਗੇ ॥ ੧ ॥ ਜੋ ਹਰਿ ਸੁਆਮੀ ਤੁਮ
ਦੇਹੁ ਸੋਈ ਹਮ ਪਾਵਹਗੇ ॥ ਮੋਹਿ ਦੂਜੀ ਨਾਹੀ ਠਉਰ ਜਿਸੁ ਪਹਿ ਹਮ ਜਾਵਹਗੇ
॥ ੨ ॥ ਜੋ ਹਰਿ ਭਾਵਹਿ ਭਗਤ ਤਿਨਾ ਹਰਿ ਭਾਵਹਿਗੇ ॥ ਜੋਤੀ ਜੋਤਿ
ਮਿਲਾਇ ਜੋਤਿ ਰਲਿ ਜਾਵਹਗੇ ॥ ੩ ॥ ਹਰਿ ਆਪੇ ਹੋਇ ਕ੍ਰਿਪਾਲੁ ਆਪਿ ਲਿਵ
ਲਾਵਹਿਗੇ ॥ ਜਨੁ ਨਾਨਕੁ ਸਰਨਿ ਦੁਆਰਿ ਹਰਿ ਲਾਜ ਰਖਾਵਹਿਗੇ
॥ ੪ ॥ ੬ ॥

Tape/CD: 1346 ਸਾਰਗ ਮਹਲਾ ੪ ਘਰੁ ੩ ਦੁਪਦਾ – ਪੰਨਾ ੧੨੦੦

ਕਾਹੇ ਪੂਤ ਝਗਰਤ ਹਉ ਸੰਗਿ ਬਾਪ ॥ ਜਿਨ ਕੇ ਜਣੇ ਬਡੀਰੇ ਤੁਮ ਹਉ ਤਿਨ ਸਿਉ ਝਗਰਤ ਪਾਪ ॥ ੧ ॥ ਰਹਾਉ ॥ ਜਿਸੁ ਧਨ ਕਾ ਤੁਮ ਗਰਬੁ ਕਰਤ ਹਉ ਸੋ ਧਨੁ ਕਿਸਹਿ ਨ ਆਪ ॥ ਖਿਨ ਮਹਿ ਛੋਡਿ ਜਾਇ ਬਿਖਿਆ ਰਸੁ ਤਉ ਲਾਗੈ ਪਛੁਤਾਪ ॥ ੧ ॥ ਜੋ ਤੁਮਰੇ ਪ੍ਰਭ ਹੋਤੇ ਸੁਆਮੀ ਹਰਿ ਤਿਨ ਕੇ ਜਾਪਹੁ ਜਾਪ ॥ ਉਪਦੇਸੁ ਕਰਤ ਨਾਨਕ ਜਨ ਤੁਮ ਕਉ ਜਉ ਸੁਨਹੁ ਤਉ ਜਾਇ ਸੰਤਾਪ ॥ ੨ ॥ ੧ ॥ ੭ ॥

Tape/CD: 1346

# ਪੰਨਾ ੮੦੯

ਬਿਲਾਵਲੁ ਮਹਲਾ ੫ ॥ ਮਿਰਤੁ ਹਸੈ ਸਿਰ ਊਪਰੇ ਪਸੂਆ ਨਹੀ ਬੂਝੈ ॥
ਬਾਦ ਸਾਦ ਅਹੰਕਾਰ ਮਹਿ ਮਰਣਾ ਨਹੀ ਸੂਝੈ ॥ ੧ ॥ ਸਤਿਗੁਰੁ ਸੇਵਹੁ
ਆਪਨਾ ਕਾਹੇ ਫਿਰਹੁ ਅਭਾਗੇ ॥ ਦੇਖਿ ਕਸੁੰਭਾ ਰੰਗੁਲਾ ਕਾਹੇ ਭੂਲਿ ਲਾਗੇ
॥ ੧ ॥ ਰਹਾਉ ॥ ਕਰਿ ਕਰਿ ਪਾਪ ਦਰਬੁ ਕੀਆ ਵਰਤਣ ਕੈ ਤਾਈ ॥
ਮਾਟੀ ਸਿਉ ਮਾਟੀ ਰਲੀ ਨਾਗਾ ਉਠਿ ਜਾਈ ॥ ੨ ॥ ਜਾ ਕੈ ਕੀਐ ਸ੍ਰਮੁ
ਕਰੈ ਤੇ ਬੈਰ ਬਿਰੋਧੀ ॥ ਅੰਤ ਕਾਲਿ ਭਜਿ ਜਾਹਿਗੇ ਕਾਹੇ ਜਲਹੁ ਕਰੋਧੀ
॥ ੩ ॥ ਦਾਸ ਰੇਣੁ ਸੋਈ ਹੋਆ ਜਿਸੁ ਮਸਤਕਿ ਕਰਮਾ ॥ ਕਹੁ ਨਾਨਕ
ਬੰਧਨ ਛੁਟੇ ਸਤਿਗੁਰ ਕੀ ਸਰਨਾ ॥ ੪ ॥ ੬ ॥ ੩੬ ॥